ਪੰਜਾਬ ਸਕੂਲ ਸਿੱਖਿਆ ਬੋਰਡ

ਪ੍ਰੈਸ ਨੋਟ

ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਮੂਹ ਸਕੂਲ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਜਿਸਟਰੇਸ਼ਨ ਸ਼ਾਖਾ ਵੱਲੋਂ ਸਾਲ/ਸੈਸ਼ਨ 2017-18 ਲਈ ਨੌਵੀਂ/ਗਿਆਰਵੀਂ ਸ਼੍ਰੇਣੀ ਵਿੱਚ ਦੂਜੇ ਰਾਜ/ਬੋਰਡਾਂ ਤੋਂ ਆਏ ਜਿਹੜੇ ਵਿਦਿਆਰਥੀਆਂ ਦੇ ਆਨ-ਲਾਈਨ ਰਜਿਸਟਰੇਸ਼ਨ ਨੰਬਰ ਲਗਾਉਣ ਲਈ ਦਸਤਾਵੇਜ਼ ਪ੍ਰਾਪਤ ਹੋਏ ਸਨ, ਉਹਨਾਂ ਨੂੰ ਰਜਿਸਟਰੇਸ਼ਨ ਨੰਬਰ ਲਗਾ ਦਿੱਤੇ ਹਨ। ਪ੍ਰੰਤੂ ਫਿਰ ਵੀ ਧਿਆਨ ਵਿੱਚ ਆਇਆ ਹੈ ਕਿ ਕਈ ਸਕੂਲਾਂ ਵੱਲੋਂ ਨੌਵੀਂ/ਗਿਆਰਵੀਂ ਸ਼੍ਰੇਣੀ ਵਿੱਚ ਰਜਿਸਟਰੇਸ਼ਨ ਨੰਬਰ ਲਗਵਾਉਣ ਲਈ ਰਜਿਸਟਰੇਸ਼ਨ ਸ਼ਾਖਾ ਵੱਲੋਂ ਆਨ-ਲਾਈਨ ਲਗਾਈਆਂ ਤਰੁੱਟੀਆਂ ਦੇ ਬਾਵਜੂਦ ਵੀ ਅਜੇ ਤੱਕ ਵਿਦਿਆਰਥੀਆਂ ਦੇ ਲੋੜੀਂਦੇ ਦਸਤਾਵੇਜ਼ ਰਜਿਸਟਰੇਸ਼ਨ ਸ਼ਾਖਾ ਵਿੱਚ ਨਹੀਂ ਜਮ੍ਹਾਂ ਕਰਵਾਏ ਗਏ।

ਜਿਹੜੇ ਵਿਦਿਆਰਥੀਆਂ ਦੇ ਰਜਿਸਟਰੇਸ਼ਨ ਨੰਬਰ ਲਗਵਾਉਣ ਲਈ ਦਸਤਾਵੇਜ਼ ਨਹੀਂ ਭੇਜੇ ਗਏ ਹਨ, ਉਹ ਮਿਤੀ 24/04/2018 ਤੱਕ ਰਜਿਸਟਰੇਸ਼ਨ ਸ਼ਾਖਾ ਵਿੱਚ ਆਨ-ਲਾਈਨ ਲਗਾਈਆਂ ਤਰੁੱਟੀਆਂ ਦੇ ਅਨੁਸਾਰ ਦਸਤਾਵੇਜ਼ ਭੇਜ ਕੇ ਰਜਿਸਟਰੇਸ਼ਨ ਨੰਬਰ ਲਗਵਾਉਣ ਦੀ ਖੇਚਲ ਕਰਨ। ਮਿੱਥੀ ਮਿਤੀ ਤੋਂ ਬਾਅਦ 500/- ਰੁਪਏ ਪ੍ਰਤੀ ਵਿਦਿਆਰਥੀ ਲੇਟ ਫੀਸ ਲਈ ਜਾਵੇਗੀ। ਇਸ ਸਬੰਧੀ ਦੇਰੀ ਦੀ ਜ਼ਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।

ਸਕੱਤਰ